# ਹਲਕਾ ਧਰਮਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਦਲਜੀਤ ਸਿੰਘ ਸਦਰਪੁਰਾ ਵੱਲੋਂ ਰੋਡ ਸ਼ੋਅ



**ਕਿਸ਼ਨਪੁਰਾ ਕਲਾਂ/ਅਮੋਲਕ ਸਿੰਘ ਕਲਸੀ**

ਵਿਧਾਨ ਸਭਾ ਹਲਕਾ ਧਰਮਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਦਲਜੀਤ ਸਿੰਘ ਸਦਰਪੁਰਾ ਵੱਲੋਂ ਅੱਜ ਪੰਥਕ ਗੁਰਦੁਆਰਾ ਸਾਹਿਬ (ਸੰਤ ਬਾਬਾ ਵਿਸਾਖਾ ਸਿੰਘ) ਕਿਸ਼ਨਪੁਰਾ ਕਲਾਂ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਅਤੇ ਪਾਰਟੀ ਦੀਆਂ ਨੀਤੀਆਂ ਅਤੇ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੋਚ ਨੂੰ ਹਲਕੇ ਦੇ ਹਰ ਘਰ ਤੱਕ ਪਹੁੰਚਾਉਣ ਲਈ ਵਿਸ਼ਾਲ ਰੋਡ ਸ਼ੋਅ ਕੀਤਾ ਗਿਆ। ਜਿਸ ਵਿਚ ਮੈਂਬਰ ਪਾਰਲੀਮੈਂਟ ਪ੍ਰੋ: ਸਾਧੂ ਸਿੰਘ, ਜਸਕੀਰਤ ਕੌਰ ਮਾਨ ਕੈਨੇਡਾ, ਹੈਪਾ ਮਾਨ ਕੈਨੇਡਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਲਗਪਗ 400 ਤੋਂ ਵੱਧ ਗੱਡੀਆਂ ਅਤੇ 500 ਦੇ ਕਰੀਬ ਮੋਟਰ ਸਾਈਕਲਾਂ ਦਾ ਕਾਫਲਾ ਪਿੰਡ ਕਿਸ਼ਨਪੁਰਾ ਕਲਾਂ ਦੀ ਅਨਾਜ ਮੰਡੀ ਤੋਂ ਸਵੇਰੇ 11.30 ਵਜੇ ਸ਼ੁਰੂ ਹੋਇਆ ਅਤੇ ਇੰਦਰਗੜ੍ਹ, ਬੱਡੂਵਾਲਾ, ਧਰਮਕੋਟ, ਬਾਜੇਕੇ, ਢੋਲੇਵਾਲਾ, ਤੋਤੇਵਾਲਾ, ਖੰਭੇ, ਫਤਹਿਗੜ੍ਹ ਪੰਜਤੂਰ, ਸ਼ਾਹ ਬੁਕਰ, ਮੰਦਰ ਮੁਹਾਰ, ਕੋਟ ਈਸੇ ਖਾਂ, ਲੁਹਾਰਾ ਚਾਕ, ਫਤਹਿਗੜ• ਕੋਰੋਟਾਣਾ, ਜਲਾਲਾਬਾਦ, ਭਿੰਡਰ ਕਲਾਂ, ਲੋਹਗੜ੍ਹ ਹੁੰਦਾ ਹੋਇਆ ਵਾਪਸ ਧਰਮਕੋਟ ਵਿਖੇ ਸਮਾਪਤ ਹੋਇਆ। ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਉਮੀਦਵਾਰ ਦਲਜੀਤ ਸਿੰਘ ਸਦਰਪੁਰਾ ਨੇ ਕਿਹਾ ਕਿ ਹਲਕਾ ਧਰਮਕੋਟ ਤੋਂ ਰੋਡ ਸ਼ੋਅ ਲਈ ਵੱਡੀ ਗਿਣਤੀ 'ਚ ਨਿਕਲੇ ਨੌਜਵਾਨ ਮੁੰਡੇ ਕੁੜੀਆਂ, ਬਜ਼ੁਰਗ ਜੋ ਨਾ ਸਿਰਫ ਝਾੜੂ ਨੂੰ ਪਿਆਰ ਕਰਦੇ ਹਨ ਬਲਕਿ ਪੰਜਾਬ ਦੀ ਗੰਧਲੀ ਹੋਈ ਰਾਜਨੀਤੀ ਨੂੰ ਦਰ ਕਿਨਾਰੇ ਕਰਨ ਲਈ ਜੋਸ਼ 'ਚ ਅੱਗੇ ਆਏ ਹਨ?

ਰੋਡ ਸ਼ੋਅ ਦੌਰਾਨ ਕੰਪੇਨ ਮਨੇਜਰ ਸੰਜੀਵ ਕੋਛੜ, ਗੁਰਬਖਸ਼ ਸਿੰਘ ਬਾਜੇਕੇ ਜ਼ਿਲ੍ਹਾ ਪ੍ਰਧਾਨ ਪੀ.ਡੀ.ਐੱਫ.ਏ., ਐਡਵੋਕੇਟ ਗੁਰਪ੍ਰੀਤ ਸਿੰਘ ਕੰਬੋਜ਼, ਸੁਰਜੀਤ ਲੁਹਾਰਾ, ਕੁਲਦੀਪ ਸੰਗਲਾ, ਹਰਜੀਤ ਸਿੰਘ ਕਾਲਾ, ਪ੍ਰਦੀਪ ਸੰਧੂ, ਰਜਿੰਦਰ ਸਿੰਘ ਖਹਿਰਾ, ਮਾਸਟਰ ਸੰਤੋਖ ਸਿੰਘ, ਕਰਮਜੀਤ ਕੌਰ, ਜਸਪਾਲ ਗਗੜਾ, ਪਰਮਿੰਦਰ ਕੁਮਾਰ ਬੱਡੂਵਾਲ, ਰਵਿੰਦਰਪਾਲ ਰਵੀ, ਸਿਮਰਜੀਤ ਰਾਮਗੜ੍ਹ, ਸੁਰਜੀਤ ਨੰਬਰਦਾਰ, ਰਾਜਾ ਸਿੰਘ, ਤਜਿੰਦਰਪਾਲ ਸਿੰਘ ਲਵਲੀ, ਬਾਬੂ ਭਿੰਡਰ, ਹਰਪ੍ਰੀਤ ਸਿੰਘ ਨੂਰਪੁਰ, ਦਵਿੰਦਰ ਮਹਿਰੋਂ, ਜਸਵੰਤ ਸਿੰਘ, ਬਲਜੀਤ ਸਿੰਘ, ਪਿਆਰਾ ਸਿੰਘ, ਸੁਖਬੀਰ ਮੰਦਰ, ਕੁਲਦੀਪ ਮੋਲਕ ਕੰਗਾਂ, ਗੁਰਚਰਨ ਤਖਤੂਵਾਲਾ, ਜੱਜਪਾਲ ਫੌਜੀ, ਗੁਰਜੰਟ ਸਿੰਘ ਰਾਊਵਾਲਾ, ਜਸਵੰਤ ਸੰਗਲਾ, ਬਲਵਿੰਦਰ ਸਿੰਘ, ਠਾਣਾ ਸਿੰਘ ਜਲਾਲਾਂਬਾਦ, ਪਿਆਰਾ ਸਿੰਘ, ਜੱਗਾ ਸਿੰਘ, ਅਮਨ ਪੰਡੋਰੀ, ਸੇਵਕ ਸਿੰਘ, ਬਲਵਿੰਦਰ ਸਿੰਘ, ਮਨਜਿੰਦਰ ਸਿੰਘ, ਗੁਰਜੀਤ ਦਾਨੂੰਵਾਲ, ਸੋਨੂੰ ਖੇਲਾ, ਜਗਜੀਤ ਸਿੰਘ, ਜਗਰਾਜ ਸਿੰਘ ਆਦਿ ਮੁੱਖ ਤੌਰ 'ਤੇ ਸ਼ਾਮਿਲ ਸਨ।

# ਵਿਦਿਆਰਥੀਆਂ ਨੂੰ ਅਕਾਦਮਿਕ ਤੇ ਖੇਡ ਗਤੀਵਿਧੀਆਂ 'ਚ ਪ੍ਰਾਪਤੀ ਕਾਰਨ ਸਨਮਾਨਿਤ ਕੀਤਾ



**ਜਗਰਾਓਂ / ਜਸਵੀਰ ਪੁੜੈਣ** - ਸਵ. ਸ. ਨਾਹਰ ਸਿੰਘ ਥਿੰਦ ਦੀ ਯਾਦ ਵਿਚ ਸਪੋਰਟਸ ਕਲੱਬ ਪੁੜੈਣ ਦੇ ਸਹਿਯੋਗ ਨਾਲ ਸ. ਸੀ.ਸੈ. ਸਕੂਲ ਪੁੜੈਣ ਵਿਖੇ ਮਿਤੀ 16-12-16 ਨੂੰ ਸਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ ਜਿਸ ਵਿਚ ਪ੍ਰਾਇਮਰੀ ਸਕੂਲ ਤੇ ਸੀਨੀਅਰ ਸੈਕੰਡਰੀ ਸਕੂਲ ਪੁੜੈਣ ਦੇ ਹੋਣਹਾਰ ਸੰਜੀਦਾ ਵਿਦਿਆਰਥੀਆਂ ਨੂੰ ਅਕਾਦਮਿਕ ਸਹਿ ਅਕਾਦਮਿਕ ਤੇ ਖੇਡ ਗਤੀਵਿਧੀਆਂ 'ਚ ਪ੍ਰਾਪਤੀ ਕਾਰਨ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਦੱਸਵੀਂ, ਬਾਰ੍ਹਵੀਂ ਜਮਾਤ ਦੇ ਬੋਰਡ ਪ੍ਰੀਖਿਆ 'ਚ ਅੱਵਲ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਵਿੰਦਰ ਕੌਰ, ਗੁਰਪ੍ਰੀਤ ਕੌਰ, ਪ੍ਰਭਜੋਤ ਕੌਰ (ਦਸਵੀਂ) ਰੂਪਾ ਕੁਲਵਿੰਦਰ ਕੌਰ, ਹਰਪ੍ਰੀਤ ਕੌਰ ਤੇ ਚਰਨਪ੍ਰੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

ਖੇਡਾਂ ਲੇਖ ਰਚਨਾ, ਸਾਹਿਤ ਪ੍ਰਦਰਸ਼ਨੀ, ਭਾਸ਼ਣ ਕਾਵਿ ਉਚਾਰਨ ਅਤੇ ਵਿਗਿਆਨਿਕ ਮੁਕਾਬਲੇ ਵਿਚ ਸਫਲ ਰਹੇ ਬੱਚਿਆਂ ਨੂੰ ਸਪੋਰਟਸ ਕਲੱਬ ਦੇ ਪ੍ਰਧਾਮ ਗੁਰਮੀਤ ਸਿੰਘ ਟੀਟੂ ਅਤੇ ਸਰਪ੍ਰਸਤ ਮਾਂ ਕੁਲਵੰਤ ਸਿੰਘ ਮੱਲੀ ਦੀ ਅਗਵਾਈ 'ਚ ਇਨਾਮ ਵੰਡੇ ਗਏ। ਲੈਕ. ਰਵਨੀਤ ਕੌਰ ਦੀ ਪ੍ਰੇਰਨਾ ਸਦਕਾ ਇਸ ਸਮਾਗਮ ਨੂੰ ਚਾਰ ਚੰਨ ਲਗਾਉਣ ਵਾਲੀਆਂ, ਵੰਨਗੀਆਂ ਜਿਵੇਂ ਸੰਮੀ ਗਿੱਧਾ ਭੰਗੜਾ ਕੋਰਿਉਗ੍ਰਾਫੀ ਕਾਵਿ ਉਚਾਰਨ ਅਤੇ ਸਿਠਣੀਆਂ ਨੇ ਖ਼ੂਬ ਰੰਗ ਬੰਨਿਆ।

ਇਸ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਸ੍ਰੀ ਸੰਤੋਖ ਸਿੰਘ ਗਿੱਲ ਹਾਜ਼ਰ ਹੋਏ। ਇਸ ਸਮਾਗਮ ਵਿਚ ਮਾਪਿਆਂ ਪੜ੍ਹ ਚੁੱਕੇ ਵਿਦਿਆਰਥੀਆਂ ਦਾ ਉਚੇਚਾ ਧੰਨਵਾਦ ਸੰਸਥਾ ਦੇ ਪ੍ਰਿੰਸੀਪਲ ਸ੍ਰੀਮਤੀ ਰਵਿੰਦਰ ਕੁਮਾਰੀ ਜੀ ਨੇ ਨਿੱਘੇ ਤੌਰ 'ਤੇ ਕੀਤਾ। ਮੈਡਮ ਸ੍ਰੀਮਤੀ ਮਨਜੀਤ ਕੌਰ ਨੇ ਸਕੂਲ ਰਿਪੋਰਟ ਪੜ੍ਹੀ। ਮਾਸਟਰ ਤਲਵਿੰਦਰ ਸਿੰਘ ਤੇ ਮਨਦੀਪ ਸਿੰਘ ਨੇ ਬਾਖ਼ੂਬੀ ਮੰਚ ਸੰਚਾਲਨ ਕੀਤਾ।

ਪ੍ਰਿੰ. ਮੈਡਮ ਰਵਿੰਦਰ ਕੁਮਾਰੀ ਜੀ ਨੇ ਸਮੂਹ ਸਟਾਫ਼, ਸਾਰੇ ਵਿਦਿਆਰਥੀਆਂ, ਸਪੋਰਟਸ ਕਲੱਬ ਅਤੇ ਗ੍ਰਾਮ ਪੰਚਾਇਤ ਪਿੰਡ ਪੁੜੈਣ ਦਾ ਅਤੇ ਆਏ ਹੋਏ ਪਤਵੰਤੇ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਸਫ਼ਲ ਸੁਚੱਜੇ ਅਤੇ ਮਿਹਨਤਕਸ਼ ਬਣਨ ਦਾ ਸੰਦੇਸ਼ ਦਿੱਤਾ। 'ਸਿੱਖਣ ਲਈ ਆਓ ਤੇ ਸੇਵਾ ਲਈ ਜਾਓ' ਦੇ ਨਾਹਰੇ ਨੂੰ ਬੁਲੰਦ ਕੀਤਾ।

ਇਸ ਮੌਕੇ ਸਪੋਰਟਸ ਕਲੱਬ ਦੇ ਸਰਪਰਸ਼ਤ ਮਾਂ ਕੁਲਵੰਤ ਸਿੰਘ ਮੱਲੀ, ਪ੍ਰਧਾਨ ਗੁਰਮੀਤ ਸਿੰਘ ਟੀਟੂ, ਸ. ਬਲਜਿੰਦਰ ਸਿੰਘ ਬਾਸੀ, ਸਰਪੰਚ ਜੋਰਾ ਸਿੰਘ ਅਤੇ ਬਲਜੀਤ ਕੌਰ ਹਾਜ਼ਰ ਹੋਏ। ਸਵ. ਜਥੇਦਾਰ ਗੁਰਬਖ਼ਸ਼ ਸਿੰਘ ਪੁੜੈਣ ਦੇ ਛੋਟੇ ਭਰਾ ਦਿਆਲ ਸਿੰਘ ਸਰਪੰਚ, ਜਗਦੀਪ ਸਿੰਘ ਸੋਨੂੰ, ਮੈਂਬਰ ਰਾਜ ਸਿੰਘ, ਮੈਂਬਰ ਕਾਕਾ ਬੋਪਾਰਾਏ, ਸਰਪੰਚ ਸ਼ੇਰ ਸਿੰਘ ਅਤੇ ਪੀ.ਟੀ.ਆਈ. ਕਮੇਟੀ ਮੈਂਬਰ ਬਲਜੀਤ ਕੌਰ ਅਤੇ ਹੋਰ ਬਹੁਤ ਸਾਰੇ ਪਤਵੰਤੇ ਸੱਜਣ ਹਾਜ਼ਰ ਹੋਏ।

# 'ਪਾਣੀ ਬਚਾਓ, ਪੰਜਾਬ ਬਚਾਓ' ਰੈਲੀ : ਅਸੀਂ ਸਤਲੁਜ ਯਮੁਨਾ ਲਿੰਕ ਨਹਿਰ ਦਾ ਮਸਲਾ ਸਦਾ ਲਈ ਮੁਕਾਇਆ - ਬਾਦਲ





**ਮੋਗਾ/ਇਕਬਾਲ ਖੋਸਾ**

'ਪਾਣੀ ਬਚਾਓ, ਪੰਜਾਬ ਬਚਾਓ' ਰੈਲੀ ਦੌਰਾਨ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਕੋਲ ਨਾ ਹੀ ਇਕ ਬੂੰਦ ਪਾਣੀ ਵਾਧੂ ਹੈ ਅਤੇ ਨਾ ਹੀ ਕਿਸੇ ਨੂੰ ਦਿੱਤਾ ਜਾਵੇਗਾ ਜਿਸ ਕਰਕੇ ਸਤੁਲਜ ਯਮੁਨਾ ਲਿੰਕ ਨਹਿਰ ਦੇ ਨਿਰਮਾਣ ਦੀ ਕੋਈ ਵੀ ਲੋੜ ਨਹੀਂ ਹੈ ਅਤੇ ਭਵਿੱਖ ਵਿੱਚ ਇਸ ਨਹਿਰ ਦੇ ਨਿਰਮਾਣ ਲਈ ਆਗਿਆ ਦਿੱਤੀ ਜਾਵੇਗੀ। ਇਸ ਮੁੱਦੇ ਹਮੇਸ਼ਾ ਲਈ ਖਤਮ ਕਰਨ ਲਈ ਸੂਬਾ ਸਰਕਾਰ ਵੱਲੋਂ ਕੀਤੀ ਗਈ ਇਤਿਹਾਸਕ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਕੋਲ ਦੂਜੇ ਸੂਬਿਆਂ ਨੂੰ ਦੇਣ ਵਾਸਤੇ ਇਕ ਵੀ ਬੂੰਦ ਪਾਣੀ ਵਾਧੂ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਰੋਕਣ ਵਾਸਤੇ ਜੋ ਵੀ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਸੀ, ਉਨ੍ਹਾਂ ਨੇ ਕਾਨੂੰਨੀ ਘੇਰੇ ਵਿੱਚ ਰਹਿੰਦੇ ਹੋਏ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਕੀਤਾ ਹੈ।

ਕੈਪਟਨ ਅਮਰਿੰਦਰ ਸਿੰਘ ਦੇ ਅਸਤੀਫੇ ਨੂੰ ਸਿਆਸੀ ਸਟੰਟ ਦੱਸਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਕੈਪਟਨ ਵੱਲੋਂ ਅਸਤੀਫੇ ਦਾ ਇਹ ਡਰਾਮਾ ਸਤੁਲਜ ਯਮੁਨਾ ਲਿੰਕ ਨਹਿਰ ਦੇ ਨਾਜ਼ੁਕ ਮੁੱਦੇ 'ਤੇ ਸਿਆਸੀ ਲਾਭ ਦੇ ਉਦੇਸ਼ ਨਾਲ ਰਚਿਆ ਹੈ ਨਾ ਕਿ ਸੂਬੇ ਦੇ ਹਿੱਤਾਂ ਦੀ ਰਾਖੀ ਲਈ। ਉਨ੍ਹਾਂ ਕਿਹਾ ਕਿ ਕਾਂਗਰਸ ਲੀਡਰਸ਼ਿਪ ਪੰਜਾਬ ਨਾਲ ਸਬੰਧਤ ਸਾਰੇ ਮੁੱਦਿਆਂ 'ਤੇ ਗੈਰ-ਸੰਜੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਕਾਂਗਰਸ ਦੀ ਲੀਡਰਸ਼ਿਪ ਦੇ ਦਬਾਅ ਹੇਠ ਆ ਕੇ ਅਸਤੀਫੇ ਦੇ ਦਿੰਦੇ ਤਾਂ ਕਾਂਗਰਸ ਨਹਿਰ ਦੇ ਨਿਰਮਾਣ ਲਈ ਰਾਹ ਪੱਧਰਾ ਕਰਨ ਲਈ ਆਪਣੇ ਸੌੜੇ ਮੰਤਵ 'ਚ ਸਫਲ ਹੋ ਜਾਂਦੇ। ਇਸ ਦੇ ਉਲਟ ਅਸੀਂ ਸਹੀ ਫੈਸਲਾ ਲੈਂਦੇ ਹੋਏ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸਦਨ ਸੱਦਿਆ ਜਿਸ ਦਾ ਕਾਂਗਰਸ ਨੇ ਬਾਈਕਾਟ ਕਰ ਦਿੱਤਾ ਸੀ। ਕੈਬਨਿਟ ਮੀਟਿੰਗ ਵਿੱਚ ਸਤੁਲਜ ਯਮੁਨਾ ਲਿੰਕ ਨਹਿਰ ਲਈ ਹਾਸਲ ਕੀਤੀ ਸਮੁੱਚੀ ਜ਼ਮੀਨ ਨੂੰ ਡੀ-ਨੋਟੀਫਾਈ ਕਰ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਨੇ ਸਿਆਸੀ, ਆਰਥਿਕ ਤੇ ਧਾਰਮਿਕ ਮਸਲਿਆਂ ਸਣੇ ਹਰੇਕ ਮਸਲੇ 'ਤੇ ਪੰਜਾਬ ਤੇ ਪੰਜਾਬੀਆਂ ਨਾਲ ਵਿਸ਼ਵਾਸਘਾਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸਤਲੁਜ ਯਮੁਨਾ ਲਿੰਕ ਨਹਿਰ ਦਾ ਮੁੱਦਾ ਵੀ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਤੀ ਉਦਾਸਹੀਨ ਵਤੀਰੇ ਦਾ ਨਤੀਜਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪਾਣੀ ਸੂਬੇ ਨੂੰ ਬੁਨਿਆਦੀ ਜੀਵਨ ਰੇਖਾ ਹੈ ਅਤੇ ਦਰਿਆਵਾਂ ਦੇ ਪਾਣੀ ਨੂੰ ਵੰਡਣ ਦੀ ਕੋਈ ਵੀ ਕੋਸ਼ਿਸ਼ ਪੰਜਾਬ ਨੂੰ ਤਬਾਹ ਕਰ ਕੇ ਰੱਖ ਦੇਵੇਗੀ। ਸਤੁਲਜ ਯਮੁਨਾ ਲਿੰਕ ਨਹਿਰ ਬਾਰੇ ਸਮਝੌਤੇ 'ਤੇ ਸਹੀ ਪਾਉਂਦੇ ਹੋਏ ਕੇਂਦਰ ਵਿਚਲੀ ਕਾਂਗਰਸ ਸਰਕਾਰ ਨੇ ਦੁਨੀਆ ਭਰ ਵਿੱਚ ਪ੍ਰਵਾਨਿਤ ਰਿਪੇਰੀਅਨ ਸਿਧਾਂਤਾਂ ਨੂੰ ਅੱਖੋਂ-ਪਰੋਖੇ ਕੀਤਾ।

ਉਨ੍ਹਾਂ ਕਿਹਾ ਕਿ ਸਤਲੁਜ ਯਮੁਨਾ ਲਿੰਕ ਨਹਿਰ ਦਾ ਵਿਰੋਧ ਕਰਨਾ ਹਰੇਕ ਪੰਜਾਬੀ ਦੀ ਜ਼ਿੰਮੇਵਾਰੀ ਹੈ ਅਤੇ ਸਾਨੂੰ ਸਾਰਿਆਂ ਨੂੰ ਹਰ ਕੀਮਤ 'ਤੇ ਸੂਬੇ ਦੇ ਪਾਣੀਆਂ ਦੀ ਰਾਖੀ ਵਾਸਤੇ ਪ੍ਰਣ ਕਰਨਾ ਚਾਹੀਦਾ ਹੈ।

ਕਾਂਗਰਸ ਤੇ ਆਮ ਆਦਮੀ ਪਾਰਟੀ ਨੂੰ ਗਰੀਬ ਵਿਰੋਧੀ ਦੱਸਦੇ ਹੋਏ ਮੁੱਖ ਮੰਤਰੀ ਨੇ ਲੋਕਾਂ ਨੂੰ ਸੁਚੇਤ ਕਰਦੇ ਹੋਏ ਕਿਹਾ ਕਿ ਜੇਕਰ ਇਨ•ਾਂ ਪਾਰਟੀਆਂ ਦੇ ਹੱਥਾਂ ਵਿੱਚ ਸੱਤਾ ਦੇ ਦਿੱਤੀ ਗਈ ਤਾਂ ਇਹ ਗਰੀਬਾਂ ਪੱਖੀ ਸ਼ੁਰੂ ਕੀਤੀਆਂ ਸਕੀਮਾਂ ਨੂੰ ਬੰਦ ਕਰ ਦੇਣਗੇ। ਉਨ੍ਹਾਂ ਕਿਹਾ ਕਿ ਜਦੋਂ ਵੀ ਅਕਾਲੀ-ਭਾਜਪਾ ਗੱਠਜੋੜ ਸਰਕਾਰ ਸੂਬੇ ਵਿੱਚ ਇਕੋ-ਇਕ ਗੱਠਜੋੜ ਸਰਕਾਰ ਹੈ, ਜੋ ਨਾ ਸਿਰਫ ਤਨੋ-ਮਨੋ ਗਰੀਬਾਂ ਪੱਖੀ ਹੈ ਸਗੋਂ ਇਹ ਪੰਜਾਬੀਆਂ ਤੇ ਪੰਜਾਬ ਦੇ ਅਧਿਕਾਰਾਂ ਦੀ ਸੱਚੀ ਪਹਿਰੇਦਾਰ ਵੀ ਹੈ।

ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ-ਭਾਜਪਾ ਗੱਠਜੋੜ ਦੇ ਹੱਕ ਵਿੱਚ ਲੋਕਾਂ ਦੇ ਵੱਡੇ ਸਮਰਥਨ ਤੇ ਸਹਿਯੋਗ ਦੀ ਮੰਗ ਕਰਦੇ ਹੋਏ ਮੁੱਖ ਮੰਤਰੀ ਨੇ ਵਿਰੋਧੀ ਪਾਰਟੀਆਂ ਦੇ ਝੂਠੇ ਭੰਡੀ ਪ੍ਰਚਾਰ ਤੋਂ ਲੋਕਾਂ ਨੂੰ ਦੂਰ ਰਹਿਣ ਲਈ ਆਖਿਆ ਜਿਨ੍ਹਾਂ ਦਾ ਇਕੋ-ਇਕ ਨਿਸ਼ਾਨਾ ਸੱਤਾ ਦੀ ਪ੍ਰਾਪਤੀ ਹੈ ਨਾ ਕਿ ਮਿਸ਼ਨ ਦੀ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਨਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ-ਭਾਜਪਾ ਗੱਠਜੋੜ ਨੂੰ ਇਕ ਹੋਰ ਮੌਕਾ ਦੇਣ ਨਾਲ ਸੂਬੇ ਵਿੱਚ ਵਿਕਾਸ ਤੇ ਖੁਸ਼ਹਾਲੀ ਦੇ ਸ਼ੁਰੂ ਕੀਤੇ ਦੌਰ ਦਾ ਕੰਮ ਪੂਰਾ ਕਰਨ ਵਿੱਚ ਮਦਦ ਮਿਲੇਗੀ ਜਿਸ ਨਾਲ ਪੰਜਾਬ ਦੇਸ਼ ਦਾ ਮੋਹਰੀ ਸੂਬਾ ਬਣ ਜਾਵੇਗਾ।

ਇਸ ਮੌਕੇ ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਪਾਣੀਆਂ 'ਤੇ ਡਾਕਾ ਪਵਾਉਣ ਲਈ ਕਾਂਗਰਸ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਦੋਸ਼ੀ ਦੱਸਦਿਆਂ ਬੁਲੰਦ ਆਵਾਜ਼ ਵਿਚ ਪ੍ਰਣ ਦੋਹਰਾਇਆ ਕਿ ਭਾਵੇਂ ਮੇਰੀ ਜਾਨ ਚਲੀ ਜਾਏ ਪਰ ਪਾਣੀ ਦੀ ਇਕ ਬੂੰਦ ਵੀ ਸੂਬੇ ਤੋਂ ਬਾਹਰ ਨਹੀਂ ਜਾਣ ਦਿੱਤੀ ਜਾਵੇਗੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ 'ਪਾਣੀ ਬਚਾਓ ਪੰਜਾਬ ਬਚਾਓ, ਕਾਂਗਰਸ ਅਤੇ 'ਆਪ' ਨੂੰ ਭਜਾਓ' ਦਾ ਨਾਅਰਾ ਦਿੰਦਿਆਂ ਕਿਹਾ ਕਿ ਇਹ ਦੋਵੇਂ ਪਾਰਟੀਆਂ ਪੰਜਾਬ ਅਤੇ ਪੰਜਾਬੀਆਂ ਦੀਆਂ ਕੱਟੜ ਵਿਰੋਧੀ ਹਨ ਇਸ ਲਈ ਜਿਵੇਂ ਪਿਛਲੇ 10 ਸਾਲਾਂ ਤੋਂ ਪੰਜਾਬ ਵਾਸੀਆਂ ਨੇ ਇਨ੍ਹਾਂ ਨੂੰ ਸੱਤਾ ਤੋਂ ਲਾਂਭੇ ਰੱਖਿਆ ਹੋਇਆ ਹੈ ਉਸੇ ਤਰ੍ਹਾਂ ਪੰਜਾਬ ਦੀ ਰਫਤਾਰ ਨੂੰ ਤੇਜ਼ ਰੱਖਣ ਲਈ ਅਗਲੇ 15 ਸਾਲ ਇਨ੍ਹਾਂ ਨੂੰ ਬਾਹਰ ਰੱਖਿਆ ਜਾਵੇ ਅਤੇ ਪੰਜਾਬ ਦੀ ਭਲਾਈ ਤੇ ਵਿਕਾਸ ਲਈ ਅਕਾਲੀ-ਭਾਜਪਾ ਗੱਠਜੋੜ ਨੂੰ ਸੇਵਾ ਦਾ ਮੌਕਾ ਦਿੱਤਾ ਜਾਵੇ।

ਸ. ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੂੰ ਲੋਕ ਆਗੂ ਦੱਸਦਿਆਂ ਕਿਹਾ ਕਿ ਪੰਜਾਬ ਦਾ ਵਿਕਾਸ ਸਿਰਫ ਉਦੋਂ ਹੀ ਹੋਇਆ ਹੈ ਜਦੋਂ-ਜਦੋਂ ਬਾਦਲ ਸਾਬ੍ਹ ਸੂਬੇ ਦੇ ਮੁੱਖ ਮੰਤਰੀ ਬਣੇ ਹਨ। ਵਿਕਾਸ ਅਤੇ ਭਲਾਈ ਸਕੀਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਜਾਬ ਦੀ ਅਕਾਲੀ-ਭਾਜਪਾ ਸਰਕਾਰ ਵੱਲੋਂ ਸ਼ਗਨ ਸਕੀਮ, ਮੁਫਤ ਸਿਹਤ ਬੀਮਾ ਯੋਜਨਾ, ਐਸ.ਸੀ-ਬੀ.ਸੀ ਪਰਿਵਾਰਾਂ ਨੂੰ 200 ਯੂਨਿਟ ਮੁਫਤ ਬਿਜਲੀ, ਮੁਫਤ ਖੇਡ ਕਿੱਟਾਂ ਤੇ ਜਿੰਮ, ਮੁਫਤ ਆਟਾ-ਦਾਲ ਸਕੀਮ, ਮੁਫਤ ਦਵਾਈ ਕੇਂਦਰ, ਮੁਫਤ ਗੈਸ ਕੁਨੈਕਸ਼ਨ, ਯਾਦਗਾਰਾਂ ਦੀ ਉਸਾਰੀ, ਕਿਸਾਨਾਂ ਨੂੰ ਮੁਫਤ ਬਿਜਲੀ ਤੋਂ ਇਲਾਵਾ ਸੂਬੇ ਨੂੰ ਵਾਧੂ ਬਿਜਲੀ ਵਾਲਾ ਅਤੇ ਸੜਕੀ ਨੈੱਟਵਰਕ ਵਿਚ ਅੱਵਲ ਬਣਾਇਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਵਿਚ ਅਕਾਲੀ-ਭਾਜਪਾ ਗੱਠਜੋੜ ਦੀਆਂ ਸਰਕਾਰਾਂ ਹੋਣ ਦਾ ਸਭ ਤੋਂ ਜ਼ਿਆਦਾ ਫਾਇਦਾ ਪੰਜਾਬ ਨੂੰ ਮਿਲ ਰਿਹਾ ਹੈ ਅਤੇ ਸੂਬੇ ਵਿਚ ਵਿਕਾਸ ਦੀ ਗਤੀ ਵੀ ਤੇਜ਼ ਹੋਈ ਹੈ।

ਮੰਚ ਦੀ ਕਾਰਵਾਈ ਕੈਬਨਿਟ ਮੰਤਰੀ ਡਾ. ਦਲਜੀਤ ਸਿੰਘ ਚੀਮਾ ਨੇ ਚਲਾਈ। ਇਸ ਮੌਕੇ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਜਥੇਦਾਰ ਅਜੀਤ ਸਿੰਘ ਕੋਹਾੜ, ਪਰਮਿੰਦਰ ਸਿੰਘ ਢੀਂਡਸਾ, ਜਨਮੇਜਾ ਸਿੰਘ, ਜਥੇਦਾਰ ਤੋਤਾ ਸਿੰਘ, ਗੁਲਜ਼ਾਰ ਸਿੰਘ ਰਣੀਕੇ, ਸੋਹਣ ਸਿੰਘ ਠੰਡਲ, ਸਿਕੰਦਰ ਸਿੰਘ ਮਲੂਕਾ, ਸੁਰਜੀਤ ਸਿੰਘ ਰੱਖੜਾ ਅਤੇ ਸੁਰਜੀਤ ਕੁਮਾਰ ਜਿਆਣੀ, ਲੋਕ ਸਭਾ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਤੇ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ, ਰਾਜ ਸਭਾ ਮੈਂਬਰ ਬਲਵਿੰਦਰ ਸਿੰਘ ਭੂੰਦੜ ਤੇ ਸੁਖਦੇਵ ਸਿੰਘ ਢੀਂਡਸਾ, ਵਿਧਾਇਕ ਬੀਬੀ ਜਗੀਰ ਕੌਰ, ਪਵਨ ਕੁਮਾਰ ਟੀਨੂੰ, ਗੋਬਿੰਦ ਸਿੰਘ ਲੌਂਗੋਵਾਲ, ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਜਸਟਿਸ ਨਿਰਮਲ ਸਿੰਘ, ਇਕਬਾਲ ਸਿੰਘ ਝੂੰਦਾ, ਜੀਤਮਹਿੰਦਰ ਸਿੰਘ ਸਿੱਧੂ, ਜੋਗਿੰਦਰ ਪਾਲ ਜੈਨ, ਹਰਮੀਤ ਸਿੰਘ ਸੰਧੂ, ਐਨ.ਕੇ. ਸ਼ਰਮਾ, ਬਾਬੂ ਪ੍ਰਕਾਸ਼ ਚੰਦ ਗਰਗ, ਮਹਿੰਦਰ ਕੌਰ ਜੋਸ਼, ਵਰਿੰਦਰ ਕੌਰ ਲੂੰਬਾ, ਸੋਮ ਪ੍ਰਕਾਸ਼, ਸਰੂਪ ਚੰਦ ਸਿੰਗਲਾ ਅਤੇ ਸੀਮਾ ਕੁਮਾਰੀ, ਸਾਬਕਾ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਤੇ ਨਿਰਮਲ ਸਿੰਘ ਕਾਹਲੋਂ, ਸਾਬਕਾ ਵਿਧਾਇਕ ਅਜਾਇਬ ਸਿੰਘ ਭੱਟੀ, ਸਰਬਜੀਤ ਸਿੰਘ ਮੱਕੜ, ਰਣਜੀਤ ਸਿੰਘ ਤਲਵੰਡੀ ਤੇ ਸ੍ਰੀ ਈਸ਼ਰ ਸਿੰਘ ਮੇਹਰਬਾਨ, ਯੂਥ ਅਕਾਲੀ ਆਗੂ ਇੰਦਰ ਇਕਬਾਲ ਸਿੰਘ ਅਟਵਾਲ, ਯੂਥ ਅਕਾਲੀ ਆਗੂ ਬਰਜਿੰਦਰ ਸਿੰਘ ਬਰਾੜ, ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਭੁਪਿੰਦਰ ਸਿੰਘ ਚੀਮਾ, ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਹਰਚਰਨ ਬੈਂਸ, ਉਪ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਜੰਗਵੀਰ ਸਿੰਘ, ਉਪ ਮੁੱਖ ਮੰਤਰੀ ਦੇ ਓ.ਐਸ.ਡੀ. ਪਰਮਜੀਤ ਸਿੰਘ ਸਿੱਧਵਾਂ, ਚਰਨਜੀਤ ਸਿੰਘ ਬਰਾੜ ਤੇ ਪਰਮਿੰਦਰ ਸਿੰਘ ਬਰਾੜ ਅਤੇ ਅਕਾਲੀ ਆਗੂ ਸੇਠ ਸੱਤਪਾਲ ਹਾਜ਼ਰ ਸਨ।